ਸ੍ਰੀ ਮੁਕਤਸਰ ਸਾਹਿਬ ਪੁਲਿਸ ਵੱਲੋਂ ਏਅਰਟੈੱਲ ਟਾਵਰਾਂ ਤੋਂ Azna ਕਾਰਡ ਚੋਰੀ ਕਰਨ ਵਾਲੇ 03 ਵਿਅਕਤੀਆਂ ਨੂੰ ਕੀਤਾ ਗ੍ਰਿਫਤਾਰ





ਸ੍ਰੀ ਮੁਕਤਸਰ ਸਾਹਿਬ ( ) ਮਾਨਯੋਗ ਸ੍ਰੀ ਗੋਰਵ ਯਾਦਵ ਆਈ.ਪੀ.ਐਸ. ਡੀ.ਜੀ.ਪੀ. ਪੰਜਾਬ ਅਤੇ ਸ.ਗੁਰਸ਼ਰਨ ਸਿੰਘ ਸੰਧੂ ਆਈ.ਪੀ.ਐਸ. ਆਈ.ਜੀ.ਪੀ .ਫਰੀਦਕੋਟ ਦੀਆਂ ਹਦਾਇਤਾਂ ਤਹਿਤ ਸ੍ਰੀ ਭਾਗੀਰਥ ਸਿੰਘ ਮੀਨਾ ਆਈ.ਪੀ.ਐਸ. ਐਸ.ਐਸ.ਪੀ ਸ੍ਰੀ ਮੁਕਤਸਰ ਸਾਹਿਬ ਵੱਲੋਂ ਜਿਲ੍ਹਾ ਅੰਦਰ ਸ਼ਰਾਰਤੀ ਅਨਸਰਾਂ ਖਿਲਾਫ ਮੁਹਿੰਮ ਵਿੱਢੀ ਗਈ ਹੈ ਜਿਸ ਤੇ ਸ.ਮਨਮੀਤ ਸਿੰਘ ਢਿੱਲੋਂ ਐਸ.ਪੀ. (ਡੀ) ਸ੍ਰੀ ਮੁਕਤਸਰ ਸਾਹਿਬ ਦੀ ਨਿਗਰਾਨੀ ਹੇਠ ਇੰਸਪੈਕਟਰ ਗੁਰਵਿੰਦਰ ਸਿੰਘ ਇੰਚਾਰਜ ਸੀ.ਆਈ.ਏ ਸ੍ਰੀ ਮੁਕਤਸਰ ਸਾਹਿਬ , ਇੰਸਪੈਕਟਰ ਮਲਕੀਤ ਸਿੰਘ ਮੁੱਖ ਅਫਸਰਾਨ ਥਾਣਾ ਲੱਖੇਵਾਲੀ ਅਤੇ ਪੁਲਿਸ ਪਾਰਟੀ ਵੱਲੋਂ ਏਅਰਟੈੱਲ ਕੰਪਨੀ ਦੇ ਟਾਵਰਾ ਤੋਂ Azna ਕਾਰਡ ਚੋਰੀ ਕਰਨ ਵਾਲੇ 03 ਵਿਅਕਤੀਆਂ ਨੂੰ ਕਾਬੂ ਕਰਨ ਵਿੱਚ ਸਫਲਤਾ ਹਾਸਿਲ ਕੀਤੀ ਗਈ ਹੈ।